# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 17-06-2024**

- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੱਲ੍ਹ ਉੱਤਰ ਪ੍ਰਦੇਸ਼ ਦੇ ਵਾਰਾਣਸੀ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ (ਪੀਐਮ-ਕਿਸਾਨ) ਤਹਿਤ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕਰਨਗੇ।
- ਪੰਜਾਬ ਦੀਆਂ ਤਿੰਨ ਹੋਰ ਮਹਿਲਾ ਕੈਡਿਟਾਂ ਨੂੰ ਪੰਜਾਬ ਦੀ ਵੱਕਾਰੀ ਇੰਡੀਅਨ ਏਅਰ ਫੋਰਸ ਅਕੈਡਮੀ ਡੁੰਡੀਗਲ ਵਿਖੇ ਪ੍ਰੀ-ਕਮਿਸ਼ਨ ਸਿਖਲਾਈ ਲਈ ਚੁਣਿਆ ਗਿਆ ਏ।
- ਅਜਨਾਲਾ ਦੇ ਪਿੰਡ ਬੋਹਲੀਆਂ ਨਜਦੀਕ ਲੰਘਦੀ ਨਹਿਰ ਵਿੱਚ ਪਾੜ ਪੈਣ ਕਰਕੇ ਕਿਸਾਨਾਂ ਦਾ ਵੱਡਾ ਨੁਕਸਾਨ , ਪ੍ਰਭਾਵਤ ਕਿਸਾਨਾ ਨੇ ਜਲਦ ਤੋਂ ਜਲਦ ਇਸ ਪਾੜ ਨੂੰ ਬੰਦ ਕਰਣ ਅਤੇ ਨੁਕਸਾਨ ਦੀ ਭਰਪਾਈ ਦੀ ਸਰਕਾਰ ਤੋਂ ਮੰਗ ਕੀਤੀ ਏ।

- ਪੰਜਾਬ ਸਮੇਤ ਉਤਰੀ ਭਾਰਤ ਵਿਚ ਪਿਛਲੇ ਕਈ ਦਿਨਾਂ ਤੋਂ ਕਹਿਰ ਢਾ ਰਹੀ ਤੇ ਝੁਲਸਾ ਦੇਣ ਵਾਲੀ ਗਰਮੀ ਲਗਾਤਾਰ ਜਾਰੀ। ਹੋਰ ਲੂ ਚੱਲਣ ਬਾਰੇ ਰੈੱਡ ਅਲਰਟ ਜਾਰੀ।

---------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕੱਲ੍ਹ ਉੱਤਰ ਪ੍ਰਦੇਸ਼ ਦੇ ਵਾਰਾਣਸੀ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ (ਪੀਐਮ-ਕਿਸਾਨ) ਦੇ ਤਹਿਤ 20 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ 17ਵੀਂ ਕਿਸ਼ਤ ਜਾਰੀ ਕਰਨਗੇ। ਕਿਸ਼ਤ 9 ਕਰੋੜ 26 ਲੱਖ ਲਾਭਪਾਤਰੀ ਕਿਸਾਨਾਂ ਨੂੰ ਸਿੱਧੇ ਲਾਭ ਟਰਾਂਸਫਰ ਰਾਹੀਂ ਜਾਰੀ ਕੀਤੀ ਜਾਵੇਗੀ। ਹੁਣ ਤੱਕ, 11 ਕਰੋੜ ਤੋਂ ਵੱਧ ਯੋਗ ਕਿਸਾਨ ਪਰਿਵਾਰਾਂ ਨੂੰ ਪ੍ਰਧਾਨ ਮੰਤਰੀ-ਕਿਸਾਨ ਯੋਜਨਾ ਦੇ ਤਹਿਤ ਤਿੰਨ ਲੱਖ ਕਰੋੜ ਰੁਪਏ ਤੋਂ ਵੱਧ ਦਾ ਲਾਭ ਮਿਲਿਆ ਹੈ। ਸਮਾਗਮ ਦੌਰਾਨ, ਪ੍ਰਧਾਨ ਮੰਤਰੀ ਕ੍ਰਿਸ਼ੀ ਸਾਖੀਆਂ ਵਰਗੇ ਸਵੈ ਸਹਾਇਤਾ ਸਮੂਹਾਂ ਦੀਆਂ 30 ਹਜ਼ਾਰ ਤੋਂ ਵੱਧ ਔਰਤਾਂ ਨੂੰ ਸਰਟੀਫਿਕੇਟ ਵੀ ਪ੍ਰਦਾਨ ਕਰਨਗੇ।

---------------------------------------------------

ਫਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਾੜੀ ਦੌਰਾਨ ਚਲਾਈਆਂ ਗਈਆਂ ਮੁਹਿੰਮਾਂ ਦੇ ਸਾਰਥਿਕ ਨਤੀਜੇ ਸਾਹਮਣੇ ਆਏ ਨੇ । ਉਨ੍ਹਾਂ ਦੱਸਿਆ ਕਿ ਪੀ ਐਮ ਕਿਸਾਨ ਸਕੀਮ ਤਹਿਤ ਹਰ ਸਾਲ ਜ਼ਿਲੇ ਦੇ ਕੁੱਲ 43611 ਕਿਸਾਨਾਂ ਦੇ ਖਾਤਿਆਂ ਵਿੱਚ 6000/- ਰੁਪਏ ਆਉਂਦੇ ਨੇ ਜਿਸ ਦਾ ਮੁੱਖ ਮਕਸਦ ਕਿਸਾਨਾਂ ਦੁਆਰਾ ਫਸਲਾਂ ਦੀ ਕਾਸ਼ਤ ਉੱਪਰ ਕੀਤੇ ਜਾਂਦੇ ਖੇਤੀ ਖਰਚਿਆਂ ਦੀ ਕੁਝ ਹੱਦ ਤੱਕ ਪੂਰਤੀ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਹ ਲਾਭ ਲੈਣ ਲਈ ਲਾਭਪਾਤਰੀ ਦੀ ਈ ਕੇ ਵਾਈ ਸੀ ਹੋਣੀ ਬਹੁਤ ਜ਼ਰੂਰੀ ਹੈ। ਉਨ੍ਹਾਂ ਦੱਸਿਆ ਕਿ ਮਾਰਚ ਮਹੀਨੇ ਦੌਰਾਨ ਇੱਕ ਹਫਤੇ ਲਈ ਚਲਾਈ ਗਈ ਮੁਹਿੰਮ ਸਦਕਾ ਈ ਕੇ ਵਾਈ ਸੀ 63% ਤੋਂ ਵਧ ਕੇ 75 ਫੀਸਦੀ ਹੋ ਗਈ ਏ ।

---------------------------------------------------------------

ਕੁਰਬਾਨੀ ਦਾ ਤਿਉਹਾਰ ਈਦ-ਉਲ-ਅਜ਼ਹਾ ਅੱਜ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਧਾਰਮਿਕ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ। ਸ਼ਰਧਾਲੂਆਂ ਨੇ ਅੱਜ ਸਵੇਰੇ ਈਦਗਾਹਾਂ ਅਤੇ ਮਸਜਿਦਾਂ ਵਿੱਚ ਈਦ ਦੀ ਨਮਾਜ਼ ਅਦਾ ਕੀਤੀ। ਬਾਅਦ ਵਿੱਚ ਉਨ੍ਹਾਂ ਨੇ ਈਦ ਦੀ ਵਧਾਈ

ਦਿੱਤੀ। ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ ਜਾਮਾ ਮਸਜਿਦ, ਫਤਿਹਪੁਰੀ ਮਸਜਿਦ ਅਤੇ ਸ਼ਾਹੀ ਈਦਗਾਹ ਵਿਖੇ ਮੁੱਖ ਇਕੱਠ ਹੋਏ। ਇਸ ਮੌਕੇ 'ਤੇ ਨਮਾਜ਼ ਦੀ ਅਗਵਾਈ ਕਰਨ ਵਾਲੇ ਇਮਾਮਾਂ ਨੇ ਲੋਕਾਂ ਨੂੰ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਅਤੇ ਤਿਉਹਾਰ ਨੂੰ ਭਾਈਚਾਰੇ ਦੀ ਭਾਵਨਾ ਨਾਲ ਮਨਾਉਣ ਦੀ ਅਪੀਲ ਕੀਤੀ।

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਉਪ-ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ Eid-uz-Adha ਦੇ ਸ਼ੁਭ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।

---------------------------------------------------------

ਏਧਰ ਪੰਜਾਬ ਵਿੱਚ ਲੁਧਿਆਣਾ ਜਾਮਾ ਮਸਜਿਦ ਵਿਖੇ ਈਦ-ਉਲ-ਜ਼ੁਹਾ ਯਾਨੀ ਬਕਰੀਦ ਦੀ ਨਮਾਜ਼ ਇਸਲਾਮੀ ਰੀਤੀ-ਰਿਵਾਜਾਂ ਮੁਤਾਬਿਕ ਸ਼ਾਹੀ ਇਮਾਮ ਪੰਜਾਬ ਮੌਲਾਨਾ ਉਸਮਾਨ ਰਹਿਮਾਨੀ ਲੁਧਿਆਣਵੀਂ ਨੇ ਅਦਾ ਕਰਵਾਈ। ਇਸ ਮੌਕੇ ਜਾਮਾ ਮਸਜਿਦ 'ਚ ਵੱਖ-ਵੱਖ ਧਰਮਾਂ ਅਤੇ ਸਿਆਸੀ ਜਮਾਤਾਂ ਦੇ ਨੁਮਾਇੰਦੇ ਆਪਣੇ ਮੁਸਲਮਾਨ ਭਰਾਵਾਂ ਨੂੰ ਈਦ ਦੀਆਂ ਮੁਬਾਰਕਾਂ ਦੇਣ ਪੁੱਜੇ। ਸਮਾਗਮ ਨੂੰ ਸੰਬੋਧਨ ਕਰਦੀਆਂ ਸ਼ਾਹੀ

ਇਮਾਮ ਮੌਲਾਨਾ ਉਸਮਾਨ ਰਹਿਮਾਨੀ ਲੁਧਿਆਣਵੀਂ ਨੇ ਕਿਹਾ ਕਿ ਈਦ ਦਾ ਦਿਨ ਸਾਨੂੰ ਸਬਕ ਦਿੰਦਾ ਹੈ ਕਿ ਅਸੀਂ ਆਪਣੇ ਅੰਦਰ ਕੁਰਬਾਨੀ ਦਾ ਜਜਬਾ ਰੱਖੀਏ ਅਤੇ ਇਸੇ ਜਜ਼ਬੇ ਦੀ ਤਹਿਤ ਮੁਸਲਮਾਨ ਆਪਣੇ ਦੇਸ਼ ਦੀ ਰੱਖਿਆ ਲਈ ਕੁਰਬਾਨ ਹੋਣ ਲਈ ਹਮੇਸ਼ਾ ਤਿਆਰ ਰਹਿਣ ।

---------------------------------------------------------

ਉਧਰ ਈਦ ਦੇ ਮੌਕੇ 'ਤੇ ਮੁਸਲਿਮ ਭਾਈਚਾਰੇ ਨੇ ਪਠਾਨਕੋਟ 'ਚ ਵੀ ਈਦ ਦੀ ਨਮਾਜ਼ ਅਦਾ ਕੀਤੀ ਗਈ ਉਥੇ ਹੀ ਹਿੰਦੂ ਭਾਈਚਾਰੇ ਦੇ ਲੋਕਾਂ ਨੇ ਵੀ ਇਸ ਨਮਾਜ਼ 'ਚ ਸ਼ਿਰਕਤ ਕੀਤੀ ਅਤੇ ਭਾਈਚਾਰੇ ਦੀ ਮਿਸਾਲ ਕਾਇਮ ਕੀਤੀ, ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਲੋਕਾਂ ਨੂੰ ਈਦ ਦੀ ਵਧਾਈ ਦਿੱਤੀ। ਮੁਸਲਿਮ ਭਾਈਚਾਰੇ ਦੇ ਮੁਖੀ ਰੋਸ਼ਨ ਦੀਨ ਨੇ ਕੈਬਨਿਟ ਮੰਤਰੀ ਲਾਲ ਚੰਦ ਅਤੇ ਸਾਬਕਾ ਮੰਤਰੀ ਮਾਸਟਰ ਮੋਹਨ ਲਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਸਮੂਹ ਦੇਸ਼ ਵਾਸੀਆਂ ਨੂੰ ਈਦ ਦੇ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ ।ਉਨ੍ਹਾਂ ਸਮੂਹ ਦੇਸ਼ ਵਾਸੀਆਂ ਨੂੰ ਇਕੱਠੇ ਹੋ ਕੇ ਦੇਸ਼ ਨੂੰ ਹੋਰ ਉਚਾਈਆਂ 'ਤੇ ਲਿਜਾਣ ਦੀ ਅਪੀਲ ਵੀ ਕੀਤੀ।

---

ਏਧਰ ਗੁਰਦਾਸਪੁਰ ਵਿਖੇ, ਅਹਿਮਦੀਆ ਮੁਸਲਿਮ ਜਮਾਤ ਦੇ ਕੌਮਾਂਤਰੀ ਸਦਰ ਮੁਕਾਮ ਕਾਦੀਆਂ ਵਿਖੇ ਈਦ ਦੀ ਨਮਾਜ਼ ਪੜੀ ਗਈ। ਇਸ ਮੌਕੇ ਅਹਿਮਦੀਆ ਮੁਸਲਿਮ ਜਮਾਤ ਦੇ ਸਕੱਤਰ ਮੁਹੰਮਦ ਈਮਨ ਗੌਰੀ ਨੇ ਸਾਰਿਆਂ ਨੂੰ ਮੁਬਾਰਕਬਾਦ ਦੇਂਦਿਆਂ ਕਿਹਾ ਕਿ ਈਦ ਮੌਕੇ ਸਾਨੂੰ ਆਪਣੇ ਬੁਰੇ ਕਰਮਾਂ ਦੀ ਕੁਰਬਾਨੀ ਦੇਣੀ ਚਾਹੀਦੀ ਏ ਅਤੇ ਪੂਰੀ ਦੁਨੀਆ ਨੂੰ ਪਿਆਰ ਕਰਨਾ ਚਾਹੀਦਾ ਏ।

---

21 ਜੂਨ ਨੂੰ 10ਵੇਂ ਅੰਤਰਰਾਸ਼ਟਰੀ ਯੋਗਾ ਦਿਵਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸੋਸ਼ਲ ਮੀਡੀਆ 'ਤੇ Bhadra ਆਸਨ ਦੀ ਇੱਕ ਵੀਡੀਓ ਕਲਿੱਪ ਸਾਂਝੀ ਕੀਤੀ ਏ। ਵੀਡੀਓ ਨੂੰ ਸਾਂਝਾ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਉਜਾਗਰ ਕੀਤਾ ਕਿ Bhadra ਆਸਨ, ਜੋੜਾਂ ਨੂੰ ਮਜ਼ਬੂਤ ਕਰਦਾ ਏ, ਗੋਡਿਆਂ ਦੇ ਦਰਦ ਨੂੰ ਘਟਾਉਂਦਾ ਏ ਅਤੇ ਪੇਟ ਲਈ ਵੀ ਚੰਗਾ ਹੁੰਦਾ ਏ। ਕਲਿੱਪ ਵਿੱਚ ਸਿਹਤ ਲਾਭਾਂ ਦੇ ਨਾਲ-ਨਾਲ ਅੰਗਰੇਜ਼ੀ ਅਤੇ ਹਿੰਦੀ ਦੋਨਾਂ ਵਿੱਚ ਇਸ ਆਸਨ ਨੂੰ ਕਿਵੇਂ ਕਰਨਾ ਏ, ਇਸ ਬਾਰੇ ਵੀ

ਦੱਸਿਆ ਗਿਆ ਏ। ਇਸ ਵਾਰ 21 ਜੂਨ ਨੂੰ ਕੌਮਾਤਰੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ।   ਜ਼ਿਲਾ ਮੋਹਾਲੀ ਤੇ ਤਰਨਤਾਰਨ ਵਾਸੀਆਂ ਨੇ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾ ਕੇ ਜ਼ਿੰਦਗੀ ਨੂੰ ਸੁਖਾਲਾ ਬਣਾਉਣ ਦੀ ਅਪੀਲ ਕੀਤੀ ਏ।

---------------------------------------------------------------

ਪੰਜਾਬ ਸਰਕਾਰ ਅਤੇ ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਫਾਜ਼ਿਲਕਾ ਡਾ. ਚੰਦਰ ਸ਼ੇਖਰ ਦੀ ਅਗਵਾਈ ’ਚ ਮਿਤੀ 21 ਜੂਨ 2024 ਨੂੰ ਜਿਲ੍ਹੇ ਦੀਆਂ ਸਾਰੀਆਂ ਸਿਹਤ ਸੰਸਥਾਵਾਂ ਵਿੱਚ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਜਾ ਰਿਹਾ ਹੈ।ਸਿਵਲ ਸਰਜਨ ਡਾ. ਚੰਦਰ ਸ਼ੇਖਰ ਨੇ ਦੱਸਿਆ ਕਿ ਯੋਗ ਵਿੱਚ ਕੰਮ ਕਰ ਰਹੀ ਸਾਮਜਿਕ ਸੰਸਥਾ ਅਰੋਗਯਾ ਭਾਰਤੀ ਨਾਲ ਸਾਂਝੇ ਤੌਰ ਤੇ ਸਹਿਯੋਗ ਕਰੇਗੀ। ਉਨ੍ਹਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਤੰਦਰੁਸਤ ਰੱਖਣ ਦੇ ਟੀਚੇ ਸ਼ੁਰੂ ਕੀਤੀ ਸੀ ਐਮ ਦੀ ਯੋਗਸ਼ਾਲਾ

ਸਕੀਮ ਸਫ਼ਲਤਾਪੂਰਵਕ ਚੱਲ ਰਹੀ ਹੈ। ਜਿਸ ਅਧੀਨ ਸਰਕਾਰ ਵੱਲੋਂ ਮਾਹਿਰ ਯੋਗ ਟਰੇਨਰ ਤਾਇਨਾਤ ਕੀਤੇ ਗਏ ਨੇ।

-----------------------------------------------------------

ਆਮ ਆਦਮੀ ਪਾਰਟੀ ਨੇ, ਜਲੰਧਰ ਪੱਛਮੀ ਵਿਧਾਨ ਸਭਾ ਸੀਟ ਦੀ ਜ਼ਿਮਨੀ ਚੋਣ ਲਈ, ਇਥੋਂ ਮੋਹਿੰਦਰ ਭਗਤ ਨੂੰ ਆਪਣਾ ਉਮੀਦਵਾਰ ਐਲਾਨਿਆ ਏ। ਉਹ ਪਾਰਟੀ ਦੇ ਜਲੰਧਰ ਪੱਛਮੀ ਹਲਕੇ ਤੋਂ ਇੰਚਾਰਜ ਵੀ ਨੇ।

-----------------------------------------------------------

ਕੁੜੀਆਂ ਲਈ ਮਾਈ ਭਾਗੋ ਪੰਜਾਬ ਤੋਂ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਏ.ਐਫ.ਪੀ.ਆਈ.), ਐਸ.ਏ.ਐਸ. ਨਗਰ (ਮੁਹਾਲੀ) ਦੀਆਂ ਤਿੰਨ ਹੋਰ ਮਹਿਲਾ ਕੈਡਿਟਾਂ ਨੂੰ ਪੰਜਾਬ ਦੀ ਵੱਕਾਰੀ ਇੰਡੀਅਨ ਏਅਰ ਫੋਰਸ ਅਕੈਡਮੀ ਡੁੰਡੀਗਲ ਵਿਖੇ ਪ੍ਰੀ-ਕਮਿਸ਼ਨ ਸਿਖਲਾਈ ਲਈ ਚੁਣਿਆ ਗਿਆ ਏ। ਇਨ੍ਹਾਂ ਵਿੱਚੋਂ ਇੱਕ ਕੁੜੀ ਜਲੰਧਰ ਦੀ ਰਹਿਣ ਵਾਲੀ ਅਲੀਸ਼ਾ ਏ ਅਤੇ ਦੂਜੀ ਪਠਾਨਕੋਟ ਦੀ ਰਹਿਣ ਵਾਲੀ ਹਰਨੂਰ ਅਤੇ ਤੀਜੀ ਰੂਪਨਗਰ ਜ਼ਿਲ੍ਹੇ ਦੇ ਨਯਾ ਨੰਗਲ ਦੀ ਰਹਿਣ ਵਾਲੀ ਕ੍ਰਿਤਿਕਾ ਏ।

ਪੂਰੇ ਪੰਜਾਬ ਦੀਆਂ 25 ਲੜਕੀਆਂ ਵਿੱਚੋਂ ਸਿਰਫ਼ ਤਿੰਨ ਲੜਕੀਆਂ ਹੀ ਭਾਰਤੀ ਹਵਾਈ ਸੈਨਾ ਵਿੱਚ ਚੁਣੀਆਂ ਗਈਆਂ ਨੇ ਜਿਨ੍ਹਾਂ ਦੀ ਸਿਖਲਾਈ ਜੁਲਾਈ 2024 ਤੋਂ ਸ਼ੁਰੂ ਹੋਏਗੀ।

-----------------------------------------------------------

ਅਜਨਾਲਾ ਦੇ ਪਿੰਡ ਬੋਹਲੀਆਂ ਨਜਦੀਕ ਲੰਘਦੀ ਨਹਿਰ ਵਿੱਚ ਪਾੜ ਪੈਣ ਕਰਕੇ ਕਿਸਾਨਾਂ ਦਾ ਵੱਡਾ ਨੁਕਸਾਨ ਹੋਣ ਦਾ ਮਾਮਲਾ ਸਾਹਮਣੇ ਆਇਆ ਏ । ਨਹਿਰ ਵਿੱਚ ਪਾੜ ਪੈਣ ਕਰਕੇ ਕਿਸਾਨਾਂ ਦੀਆਂ ਪਨੀਰੀਆਂ,ਹਰਾ ਚਾਰਾ ਸਮੇਤ ਪਾਣੀ ਦੀਆਂ ਮੋਟਰਾਂ ਦੇ ਬੋਰ ਵਿੱਚ ਪਾਣੀ ਪੈਣ ਕਰਕੇ ਵੱਡਾ ਨੁਕਸਾਨ ਹੋਇਆ ਏ ਜਿਸ ਦੇ ਚਲਦੇ ਕਿਸਾਨਾਂ ਅੰਦਰ ਰੋਸ ਦੇਖਣ ਨੂੰ ਮਿਲ ਰਿਹਾ ਏ। ਕੁਝ ਕਿਸਾਨਾਂ ਦੇ ਘਰਾਂ ਦੀਆਂ ਨੀਹਾਂ ਦੇ ਨਾਲ ਵੀ ਪਾਣੀ ਆ ਗਿਆ ਏ। ਇਸ ਮੌਕੇ ਕਿਸਾਨਾਂ ਦਾ ਕਹਿਣਾ ਏ ਕਿ ਨਹਿਰ ਵਿੱਚ ਪਾੜ ਪੈਣ ਕਰਕੇ ਉਹਨਾਂ ਦਾ ਵੱਡਾ ਨੁਕਸਾਨ ਹੋਇਆ ਹੈ। ਉਨਾਂ ਕਿਹਾ ਕਿ ਨਹਿਰ ਦੀ ਸਮੇਂ ਸਿਰ ਸਫਾਈ ਨਹੀਂ ਹੋਈ ਜਿਸ ਦੇ ਚਲਦੇ ਇਹ ਵੱਡਾ ਨੁਕਸਾਨ ਹੋਇਆ ਏ। ਉਨਾਂ ਮੰਗ ਕੀਤੀ ਕਿ ਜਲਦ ਤੋਂ ਜਲਦ ਇਸ ਪਾੜ ਨੂੰ ਬੰਦ ਕੀਤਾ ਜਾਵੇ ਅਤੇ ਕਿਸਾਨਾਂ ਦੇ ਹੋਏ

ਨੁਕਸਾਨ ਦੀ ਭਰਪਾਈ ਕੀਤੀ ਜਾਵੇ ਅਤੇ ਨਹਿਰ ਦੀ ਸਾਫ ਸਫਾਈ ਵਿੱਚ ਅਣਗਹਿਲੀ ਵਰਤਣ ਵਾਲੇ ਅਧਿਕਾਰੀਆਂ ਖਿਲਾਫ ਬਣਦੀ ਕਾਰਵਾਈ ਵੀ ਕੀਤੀ ਜਾਵੇ। ਇਸ ਮੌਕੇ ਨਹਿਰ ਵਿਭਾਗ ਦੇ ਜੇ. ਈ. ਗੁਰਵਿੰਦਰ ਸਿੰਘ ਨੇ ਕਿਹਾ ਕਿ ਜਲਦ ਤੋਂ ਜਲਦ ਮਿੱਟੀ ਦੇ ਤੋੜਿਆਂ ਨਾਲ ਨਹਿਰ ਦੇ ਪਏ ਪਾੜ ਨੂੰ ਬੰਦ ਕੀਤਾ ਜਾ ਰਿਹਾ ਏ ਤੇ ਪਿੱਛੋਂ ਪਾਣੀ ਵੀ ਘੱਟ ਕੀਤਾ ਜਾ ਰਿਹਾ ਏ । ਉਨਾਂ ਕਿਹਾ ਕਿ ਵਿਭਾਗ ਵੱਲੋਂ ਇਸ ਨਹਿਰ ਦੀ ਸਮੇਂ ਸਿਰ ਸਫਾਈ ਕਰਵਾਈ ਗਈ ਸੀ।

---------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਕਹਿਰ ਢਾ ਰਹੀ ਤੇ ਝੁਲਸਾ ਦੇਣ ਵਾਲੀ ਗਰਮੀ ਲਗਾਤਾਰ ਜਾਰੀ ਏ । ਅੱਤ ਦੀ ਗਰਮੀ ਤੇ ਵਗਦੀ ਲੂ ਨੇ, ਮਨੁੱਖਾਂ ਦਾ ਹੀ ਨਹੀਂ ਸਗੋਂ ਪੰਛੀਆਂ ਤੇ ਜਾਨਵਰਾਂ ਦਾ ਵੀ ਜਿਓਣਾ ਮੁਸ਼ਕਿਲ ਕੀਤਾ ਹੋਇਆ ਏ । ਸੂਬੇ ਦੇ ਜ਼ਿਆਦਾਤਰ ਜ਼ਿਲਿਆਂ ਵਿਚ ਤਾਪਮਾਨ 42 ਤੋਂ 45 ਡਿਗਰੀ ਸੈਲਸੀਅਸ ਤਕ ਚਲ ਰਿਹਾ ਏ । ਏਧਰ ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਉੱਤਰ ਪ੍ਰਦੇਸ਼, ਬਿਹਾਰ, ਪੱਛਮੀ ਬੰਗਾਲ ਅਤੇ ਆਸਾਮ ਵਿੱਚ ਬਹੁਤ ਤੋਂ ਬਹੁਤ ਜ਼ਿਆਦਾ ਗਰਮੀ

ਅਤੇ ਲੂ ਬਾਰੇ ਰੈੱਡ ਅਲਰਟ ਜਾਰੀ ਕੀਤਾ ਏ। ਕਈ ਹੋਰ ਸੂਬਿਆਂ ਵਿਚ ਵੀ ਕੱਲ੍ਹ ਤੱਕ ਲਈ ਗਰਮੀ ਦਾ ਪ੍ਰਕੋਪ ਜਾਰੀ ਕੀਤਾ ਗਿਆ ਏ। ਗਰਮੀ ਦੇ ਵੱਧ ਰਹੇ ਪ੍ਰਕੋਪ ਨੂੰ ਧਿਆਨ ਵਿੱਚ ਰੱਖਦੇ ਹੋਏ ਸਿਵਲ ਸਰਜਨ ਫਾਜਿਲਕਾ ਡਾ.ਚੰਦਰ ਸ਼ੇਖਰ ਨੇ ਲੋਕਾਂ ਨੂੰ ਗਰਮੀ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕਰਦਿਆਂ ਕਿਹਾ ਕਿ ਗਰਮ ਹਵਾਵਾਂ ਸਾਡੀ ਪਿਆਸ ਵਧਾਉਣ ਦੇ ਨਾਲ ਨਾਲ ਸਾਡੇ ਸਰੀਰ ਖਾਸ ਕਰਕੇ ਅੱਖਾਂ ਅਤੇ ਚਮੜੀ ਨੂੰ ਪੂਰੀ ਤਰ੍ਹਾਂ ਝੁਲਸਾ ਦਿੰਦੀਆਂ ਨੇ। ਜ਼ਿਆਦਾ ਗਰਮੀ ਹੋਣ ਤੇ ਸਾਡਾ ਸਰੀਰ ਪਸੀਨੇ ਦੇ ਰੂਪ ਵਿੱਚ ਗਰਮੀ ਬਾਹਰ ਕੱਢਦਾ ਏ ਅਤੇ ਤਾਪਮਾਨ ਨੂੰ ਨਿਯੰਤਰਿਤ ਰੱਖਦਾ ਏ। ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਏ। ਆਮ ਤੌਰ ਤੇ ਲੋਕ ਇਸਨੂੰ ਹਲਕੇ ਵਿਚ ਲੈਂਦੇ ਹਨ ਅਤੇ ਮੰਨਦੇ ਹਨ ਕਿ ਉਨ੍ਹਾਂ ਨੂੰ ਲੂਅ ਲੱਗ ਹੀ ਨਹੀਂ ਸਕਦੀ, ਪਰੰਤੂ ਇੱਕ ਰਿਪੋਰਟ ਦੇ ਅਨੁਸਾਰ ਲੂਅ ਲੱਗਣਾ ਬਹੁਤ ਖਤਰਨਾਕ ਬੀਮਾਰੀ ਹੈ। ਬੱਚਿਆਂ ਅਤੇ ਬਜੁਰਗਾਂ, ਗਰਭਵਤੀ ਔਰਤਾਂ, ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ, ਜਿਨ੍ਹਾਂ ਦਾ ਸਰੀਰ ਦੇ ਰਸਾਇਣਾਂ ਜਾਂ ਖੂਨ ਦੀਆਂ

ਨਾੜੀਆਂ ਤੇ ਅਸਰ ਪੈਂਦਾ ਹੈ ਨੂੰ ਖਾਣ ਵਾਲੇ ਲੋਕਾਂ ਨੂੰ ਗਰਮੀ ਲੱਗਣ ਦਾ ਜਿਆਦਾ ਖਤਰਾ ਹੁੰਦਾ ਹੈ। ਇਸ ਦੇ ਇਲਾਵਾ ਮਜ਼ਦੂਰ ਵਰਗ, ਦਿਹਾੜੀਦਾਰ ਅਤੇ ਬੇਘਰ ਹੋ ਕੇ ਸੜਕਾਂ ਅਤੇ ਰੇਲਵੇ ਸਟੇਸ਼ਨਾਂ ਉੱਤੇ ਰਹਿਣ ਵਾਲੇ ਲੋਕ ਇਸ ਦਾ ਜਲਦੀ ਸ਼ਿਕਾਰ ਹੋ ਜਾਂਦੇ ਨੇ। ਉਨ੍ਹਾਂ ਸਿਹਤ ਵਿਭਾਗ ਦੇ ਸਮੂਹ ਅਧਿਕਾਰੀਆਂ/ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਆਪਣੇ ਅਧੀਨ ਏਰੀਆ ਵਿੱਚ ਸਿਹਤ ਸਟਾਫ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਆਮ ਜਨਤਾ ਨੂੰ ਲੂਅ ਤੋਂ ਬਚਣ ਲਈ ਜਾਗਰੂਕ ਕੀਤਾ ਜਾਏ।

---

ਹਾਲ ਹੀ 'ਚ ਕੁਵੈਤ 'ਚ ਇਮਾਰਤ ਨੂੰ ਅੱਗ ਲੱਗਣ ਦੀ ਘਟਨਾ 'ਚ 40 ਭਾਰਤੀਆਂ ਨੇ ਆਪਣੀਆਂ ਕੀਮਤੀ ਜਾਨਾਂ ਗੁਆ ਦਿੱਤੀਆਂ ਸਨ। ਇਸ ਘਟਨਾ ਵਿੱਚ ਪੰਜਾਬ ਦੇ ਹੋਸ਼ਿਆਰਪੂਰ ਦਾ ਹਿੰਮਤ ਰਾਏ ਵੀ ਆਪਣੀ ਜਾਣ ਗਵਾ ਬੈਠਾ ਸੀ। ਅੱਜ ਇੱਥੇ ਹੁਸ਼ਿਆਰਪੁਰ ਦੇ ਸ਼ਮਸ਼ਾਨਘਾਟ 'ਚ ਉਨ੍ਹਾਂ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ। ਇਸ ਮੌਕੇ ਵਿਧਾਇਕ ਸ਼ਾਮ 84 ਡਾਕਟਰ ਰਵਜੋਤ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ

ਕਿਹਾ ਕਿ ਪੰਜਾਬ ਸਰਕਾਰ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਪੂਰਾ ਸਹਿਯੋਗ ਕਰੇਗੀ।

-----------------------------------------------------

ਵਿਸ਼ਵ ਖ਼ੂਨਦਾਨੀ ਦਿਵਸ 'ਤੇ ਮੁਹਾਲੀ ਸਥਿਤ ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ ਅਲਾਈਡ ਹੈਲਥ ਸਾਇੰਸਿਜ਼ (ਯੂਐਸਏਐਚਐਸ) ਵੱਲੋਂ ਸੈਕਟਰ 17 ਚੰਡੀਗੜ੍ਹ ਵਿਖੇ ਏਬੀਓ ਬਲੱਡ ਗਰੁਪਿੰਗ ਪ੍ਰਣਾਲੀ ਦੀ ਖੋਜ ਕਰਨ ਅਤੇ ਮਨੁੱਖੀ ਜਾਨਾਂ ਬਚਾਉਣ ਵਾਲੇ ਕਾਰਲ ਲੈਂਡ ਸਟੀਨਰ ਦੀ ਜਨਮ ਵਰ੍ਹੇਗੰਢ ਮਨਾਉਣ ਲਈ ਖ਼ੂਨਦਾਨ ਕੈਂਪ ਵਿੱਚ ਹਿੱਸਾ ਲਿਆ ਗਿਆ। ਇਸ ਪਹਿਲਕਦਮੀ ਦਾ ਉਦੇਸ਼ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਸਮਾਜ ਦੀਆਂ ਸਿਹਤ ਜ਼ਰੂਰਤਾਂ ਵਿੱਚ ਯੋਗਦਾਨ ਪਾਉਣਾ ਸੀ ਅਤੇ ਨਾਲ ਹੀ ਇਸ ਨੇਕ ਕਾਰਜ ਲਈ ਖ਼ੂਨਦਾਨੀਆਂ ਦਾ ਧੰਨਵਾਦ ਕਰਨਾ ਸੀ। ਖ਼ੂਨਦਾਨ ਮੁਹਿੰਮ ਦੇ ਨਾਲ-ਨਾਲ, ਭਾਗੀਦਾਰਾਂ ਨੂੰ ਖ਼ੂਨਦਾਨ ਦੇ ਲਾਭਾਂ ਅਤੇ ਪ੍ਰਕਿਰਿਆ ਬਾਰੇ ਜਾਣਕਾਰੀ ਦੇਣ ਲਈ ਵਿੱਦਿਅਕ ਸੈਸ਼ਨ ਵੀ ਆਯੋਜਿਤ ਕੀਤਾ ਗਿਆ । ਇਸ ਦੌਰਾਨ ਚਾਂਸਲਰ, ਰਿਆਤ ਬਾਹਰਾ

ਯੂਨੀਵਰਸਿਟੀ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਖ਼ੂਨਦਾਨ ਬਹੁਤ ਮਹੱਤਵਪੂਰਨ ਏ ਕਿਉਂਕਿ ਇਹ ਜਾਨਾਂ ਬਚਾਉਂਦਾ ਏ , ਡਾਕਟਰੀ ਇਲਾਜਾਂ ਵਿੱਚ ਸਹਾਇਤਾ ਕਰਦਾ ਏ ਤੇ ਐਮਰਜੈਂਸੀ ਅਤੇ ਸਰਜਰੀਆਂ ਲਈ ਨਿਰੰਤਰ ਸਪਲਾਈ ਨੂੰ ਯਕੀਨੀ ਬਣਾਉਂਦਾ ਹੈ ।